# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 01-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਛੱਤੀਸਗੜ੍ਹ ਦੇ ਇਕ ਦਿਨਾ ਦੌਰੇ 'ਤੇ ਰਾਇਪੁਰ ਪੁੱਜੇ ਹੋਏ ਨੇ। ਉਨ੍ਹਾਂ ਨੇ ਪਹਿਲਾਂ ਨਵਾਂ ਰਾਇਪੁਰ ਦੇ ਸ੍ਰੀ ਸੱਤਿਆ ਸਾਈਂ ਸੰਜੀਵਨੀ ਹਸਪਤਾਲ ਦਾ ਦੌਰਾ ਕੀਤਾ ਅਤੇ "ਦਿਲ ਕੀ ਬਾਤ" ਪ੍ਰੋਗਰਾਮ ਦੌਰਾਨ ਕਰੀਬ 2,500 ਬੱਚਿਆਂ ਨਾਲ ਗੱਲਬਾਤ ਕੀਤੀ। ਇਨ੍ਹਾਂ ਬੱਚਿਆਂ ਦਾ ਇਸ ਹਸਪਤਾਲ ਵਿਚ ਦਿਲ ਦੀ ਬਿਮਾਰੀ ਦਾ ਮੁਫ਼ਤ ਇਲਾਜ ਕੀਤਾ ਗਿਆ ਏ। ਇਸ ਮੌਕੇ ਪ੍ਰਧਾਨ ਮੰਤਰੀ ਨੇ ਇਲਾਜ ਲਾਭਪਾਤਰੀਆਂ ਨੂੰ ਜੀਵਨ ਦਾ ਤੋਹਫ਼ਾ ਸਰਟੀਫਿਕੇਟ ਭੇਟ ਕੀਤੇ। ਇਸ ਪਿੱਛੋਂ ਸ੍ਰੀ ਮੋਦੀ ਨੇ ਪਰਜਾਪਿਤਾ ਬ੍ਰਹਮਾ ਕੁਮਾਰੀ ਸ਼ਾਂਤੀ ਸਿਖਰ ਕੰਪਲੈਕਸ ਦਾ ਉਦਘਾਟਨ ਕੀਤਾ, ਜੋ ਕਿ ਅਧਿਆਤਮਕ ਸਿੱਖਿਆ ਤੇ ਧਿਆਨ ਕਰਨ ਲਈ ਵਿਲੱਖਣ ਕੇਂਦਰ ਏ। ਉਨ੍ਹਾਂ ਨੇ ਕਿਹਾ ਕਿ

Byte

ਸ਼੍ਰੀ ਮੋਦੀ ਛੱਤੀਸਗੜ੍ਹ ਦੀ ਸਥਾਪਨਾ ਦੇ 25 ਸਾਲ ਮੁਕੰਮਲ ਹੋਣ 'ਤੇ ਸੂਬੇ ਦੀ ਰਾਜਧਾਨੀ ਰਾਏਪੁਰ ਵਿਚ ਸਿਲਵਰ ਜੁਬਲੀ ਸਮਾਰੋਹ ਵਿਚ ਵੀ ਸ਼ਮੂਲੀਅਤ ਕਰਨ ਵਾਲੇ ਨੇ, ਜਿੱਥੇ ਉਹ ਕਈ ਵਿਕਾਸ ਪ੍ਰਾਜੈਕਟਾਂ ਦੀ ਰਸਮੀ ਸ਼ੁਰੂਆਤ ਕਰਨਗੇ।

---------------------------------------------------------------

ਗੁਰੂ ਅੰਗਦ ਦੇਵ ਵੈਟਨਰੀ ਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਨੇ ਭਿੰਨਤਾ ਵਿਚ ਏਕਤਾ ਨੂੰ ਉਤਸ਼ਾਹਤ ਕਰਨ ਵਿਚ ਸਰਦਾਰ ਵੱਲਭਭਾਈ ਪਟੇਲ ਦੀ ਵਿਰਾਸਤ ਨੂੰ ਸਤਿਕਾਰ ਦੇਣ ਲਈ ਰਾਸ਼ਟਰੀ ਏਕਤਾ ਦਿਵਸ ਮਨਾਇਆ। ਯੂਨੀਵਰਸਿਟੀ ਦੇ ਐੱਨ. ਐੱਸ. ਐੱਸ ਸਵੈ- ਸੇਵਕਾਂ ਨੇ ਲੁਧਿਆਣਾ, ਅੰਮ੍ਰਿਤਸਰ ਤੇ ਬਠਿੰਡਾ ਵਿਚ ਆਪੋ-ਆਪਣੇ ਕਾਲਜਾਂ ਵਿਚ ਰਾਸ਼ਟਰੀ ਏਕਤਾ ਦਿਵਸ ਮਨਾਉਂਦਿਆਂ ਸਰਦਾਰ ਵੱਲਭਭਾਈ ਪਟੇਲ ਵਿਸ਼ੇ 'ਤੇ ਕੁਇਜ਼ ਤੇ ਪੋਸਟਰ ਬਣਾਉਣ ਦੇ ਮੁਕਾਬਲੇ ਵਿਚ ਹਿੱਸਾ ਲਿਆ ਅਤੇ  ਰਾਸ਼ਟਰੀ ਏਕਤਾ ਦੀ ਸਹੁੰ ਚੁੱਕੀ। ਡਾ. ਨਿਧੀ ਸ਼ਰਮਾ, ਸਹਾਇਕ ਨਿਰਦੇਸ਼ਕ ਪ੍ਰਕਾਸ਼ਨ ਤੇ ਐੱਨ. ਐੱਸ. ਐੱਸ ਪ੍ਰੋਗਰਾਮ ਕੋਆਰਡੀਨੇਟਰ ਨੇ ਦੱਸਿਆ ਕਿ ਕਾਲਜ ਆਫ਼ ਐਨੀਮਲ ਬਾਇਓਟੈਕਨਾਲੋਜੀ ਵਿਚ ਪੋਸਟਰ ਤਿਆਰ ਕਰਨ ਦਾ ਮੁਕਾਬਲਾ ਕਰਵਾਇਆ ਗਿਆ ਅਤੇ ਵਲੰਟੀਅਰਾਂ ਨੇ ਕੈਂਪਸ ਤੋਂ ਯੂਨੀਵਰਸਿਟੀ ਦੇ

ਮੁੱਖ ਗੇਟ ਤੱਕ  ਫਿਰੋਜ਼ਪੁਰ ਰੋਡ 'ਤੇ 2 ਕਿਲੋਮੀਟਰ ਦੀ ਪੈਦਲ ਯਾਤਰਾ ਦੌਰਾਨ ਹੱਥਾਂ ਵਿਚ ਇਹ ਪੋਸਟਰ ਫੜੇ ਹੋਏ ਸਨ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਕੱਲ੍ਹ ਅੰਮ੍ਰਿਤਸਰ ਜ਼ਿਲ੍ਹੇ ਦੇ ਛੇਹਰਟਾ ਦੇ ਵਸਨੀਕ ਲਲਿਤ ਅਰੋੜਾ ਨੂੰ ਐੱਸ.ਐੱਚ.ਓ. ਦੀ ਤਰਫੋਂ 5 ਲੱਖ ਰੁਪਏ ਦੀ ਰਿਸ਼ਵਤ ਪ੍ਰਾਪਤ ਕਰਦੇ ਹੋਏ ਰੰਗੇ ਹੱਥੀਂ ਫੜਿਆ ਏ। ਵਿਜੀਲੈਂਸ ਬਿਊਰੋ ਦੇ ਬੁਲਾਰੇ ਮੁਤਾਬਕ ਇਹ ਗ੍ਰਿਫ਼ਤਾਰੀ ਛੇਹਰਟਾ ਰਹਿੰਦੇ ਵਿਅਕਤੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਏ। ਪੀੜਤ ਨੇ ਸ਼ਿਕਾਇਤ ਦਿੱਤੀ ਸੀ ਕਿ ਐੱਸ.ਐੱਚ.ਓ. ਆਪਣੀ ਟੀਮ ਸਮੇਤ ਉਸ ਦੇ ਘਰ ਆਇਆ ਸੀ ਅਤੇ ਉਸ ਉੱਤੇ ਤੇ ਉਸ ਦੇ ਭਰਾ ’ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਚ ਸ਼ਾਮਲ ਹੋਣ ਦਾ ਮਾਮਲਾ ਦਰਜ ਕਰਨ ਲਈ ਧਮਕੀ ਦੇ  ਰਿਹਾ ਸੀ । ਫਿਰ ਐੱਸ.ਐੱਚ.ਓ. ਨੇ ਆਪਣੇ ਜਾਣਕਾਰ ਲਲਿਤ ਅਰੋੜਾ ਦੇ ਜ਼ਰੀਏ 25 ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ।  ਸਾਰੇ ਦੋਸ਼ਾਂ ਦੀ ਪੁਸ਼ਟੀ ਕਰਨ ਤੋਂ ਬਾਅਦ ਅੰਮ੍ਰਿਤਸਰ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾ ਕੇ ਮੁਲਜ਼ਮ ਲਲਿਤ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿਚ ਸ਼ਿਕਾਇਤਕਰਤਾ

ਤੋਂ 5 ਲੱਖ ਰੁਪਏ ਦੀ ਰਿਸ਼ਵਤ ਵਜੋਂ ਲੈਂਦੇ ਹੋਏ ਕਾਬੂ ਕਰ ਲਿਆ। ਇਸ ਸਬੰਧੀ ਅਗਲੇਰੀ ਕਾਰਵਾਈ ਜਾਰੀ ਏ।

-----------------------------------------------------------------

ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਕ੍ਰਿਸ਼ਨਾ-ਪ੍ਰਾਣ ਬਰੈਸਟ ਕੈਂਸਰ ਚੈਰੀਟੇਬਲ ਟਰੱਸਟ ਨੇ ਕੱਲ੍ਹ ਗੁਰੂ ਨਾਨਕ ਭਵਨ ਲੁਧਿਆਣਾ ਵਿਚ ਛਾਤੀ ਦੇ ਕੈਂਸਰ ਸਬੰਧੀ ਸਾਲਾਨਾ ਜਾਗਰੂਕਤਾ ਸਮਾਗਮ ਯੂਨਾਈਟ ਫਾਰ ਪਿੰਕਟੂਬਰ ਕਰਵਾਇਆ। ਇਸ ਸਮਾਗਮ ਵਿਚ ਛਾਤੀ ਦੇ ਕੈਂਸਰ ਨੂੰ ਮਾਤ ਦੇਣ ਵਾਲੀ ਅਦਾਕਾਰਾ ਹਿਨਾ ਖਾਨ ਵੀ ਪੁੱਜੀ। ਹਿਨਾ ਖਾਨ ਨੇ ਦੱਸਿਆ ਕਿ ਉਨ੍ਹਾਂ ਨੂੰ 2024 ਵਿਚ ਤੀਜੀ ਸਟੇਜ ‘ਤੇ ਛਾਤੀ ਦੇ ਕੈਂਸਰ ਦਾ ਪਤਾ ਲੱਗਾ ਸੀ । ਫਿਰ ਉਨ੍ਹਾਂ ਨੇ ਇਸ ਨਾ-ਮੁਰਾਦ ਬਿਮਾਰੀ ਦਾ ਡਟ ਕੇ ਸਾਹਮਣਾ ਕੀਤਾ ਤੇ ਇਸ ‘ਤੇ ਜਿੱਤ ਹਾਸਲ ਕੀਤੀ। ਇਵੇਂ ਹੀ ਪੰਜਾਬ ਵਿਕਾਸ ਕਮਿਸ਼ਨ ਦੀ ਡਿਪਟੀ ਚੇਅਰਪਰਸਨ ਸੀਮਾ ਬਾਂਸਲ ਨੇ ਦੱਸਿਆ ਕਿ ਮੈਮੋਗ੍ਰਾਮ ਵਰਗੇ ਸਧਾਰਨ ਤੇ ਪਹੁੰਚਯੋਗ ਟੈਸਟ ਜ਼ਰੀਏ ਸ਼ੁਰੂਆਤ ਵਿਚ ਕੈਂਸਰ ਦਾ ਪਤਾ ਲਾਇਆ ਜਾ ਸਕਦਾ ਏ ਤੇ ਇਸ ਬਿਮਾਰੀ ਦਾ ਮੁਕੰਮਲ ਇਲਾਜ ਸੰਭਵ ਏ। ਇਸ ਮੌਕੇ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਕ੍ਰਿਸ਼ਨਾ ਪ੍ਰਾਣ ਬਰੈਸਟ ਕੈਂਸਰ

ਚੈਰੀਟੇਬਲ ਟਰੱਸਟ ਵੱਲੋਂ 350 ਤੋਂ ਵੱਧ ਮਰੀਜ਼ਾਂ ਦਾ ਇਲਾਜ ਚੱਲ ਰਿਹਾ  ਏ ਅਤੇ ਜਾਗਰੂਕਤਾ ਮੁਹਿੰਮਾਂ ਤੇ ਮੈਡੀਕਲ ਕੈਂਪ ਲਗਾਏ ਜਾਂਦੇ ਨੇ।

--------------------------------------------------------------

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਸੈਰ-ਸਪਾਟਾ ਵਿਭਾਗ ਵੱਲੋਂ  4 ਨਵੰਬਰ ਨੂੰ ਸ਼ਾਮ ਸਾਢੇ 5 ਵਜੇ ਫਤਿਹਗੜ੍ਹ ਸਾਹਿਬ ਦੇ ਖੇਡ ਸਟੇਡੀਅਮ ਵਿਚ ਰੌਸ਼ਨੀ ਤੇ ਆਵਾਜ਼ ਸ਼ੋਅ ਕਰਵਾਇਆ ਜਾਵੇਗਾ । ਇਸ ਸਬੰਧੀ ਫਤਿਹਗੜ੍ਹ ਸਾਹਿਬ ਦੀ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਤਿਆਰੀਆਂ ਦਾ ਜਾਇਜਾ ਲਿਆ ਏ। ਜਲੰਧਰ ਵਿਚ ਵੀ 4 ਨਵੰਬਰ ਨੂੰ ਸਥਾਨਕ ਸ੍ਰੀ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕਰਵਾਏ ਜਾ ਰਹੇ ਰੌਸ਼ਨੀ ਤੇ ਆਵਾਜ਼ ਸ਼ੋਅ ਦੀਆਂ ਤਿਆਰੀਆਂ ਦਾ  ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਇਜ਼ਾ ਲਿਆ ਏ।

--------------------------------------------------------------